**ਦਫ਼ਤਰ ਡਾਇਰੈਕਟਰ ਰਾਜ ਸਿੱਖਿਆ ਖੋਜ਼ ਅਤੇ ਸਿਖਲਾਈ ਪ੍ਰੀਸ਼ਦ,ਪੰਜਾਬ**

**ਬਲਾਕ-ਈ, ਛੇਵੀ ਮੰਜਿਲ, ਪੰਜਾਬ ਸਕੂਲ ਸਿੱਖਿਆ ਬੋਰਡ ਕੰਪ:,ਫੇਜ਼-8 ਐਸ.ਏ.ਐਸ ਨਗਰ**

**ਫੋਨ ਨੰਬਰ: 0172-2212221**

---

ਵੱਲ

ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿੱ.)

ਸਮੂਹ ਡਾਇਟ ਪ੍ਰਿੰਸੀਪਲ,

ਸਮੂਹ ਸਕੂਲ ਮੁੱਖੀ , ਪੰਜਾਬ।

ਮੀਮੋ ਨੰ:-SCERT/SCI/2021328208 ਮਿਤੀ: 23-09-2021

**ਵਿਸ਼ਾ-:ਸਰਕਾਰੀ ਮਿਡਲ, ਹਾਈ ਅਤੇ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ ਮਿਤੀ 29-09-2021 ਅਤੇ 30-09-2021 ਨੂੰ ਮਾਪੇ-ਅਧਿਆਪਕ ਮਿਲਣੀ ਕਰਵਾਉਣ ਸੰਬਧੀ।**

1.0 ਉਪਰੋਕਤ ਵਿਸ਼ੇ ਤੇ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ।

2.0 ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ 6ਵੀਂ ਜਮਾਤ ਤੋਂ ਲੈ ਕੇ 12ਵੀਂ ਜਮਾਤ ਤੱਕ ਪੜ੍ਹਦੇ ਵਿਦਿਆਰਥੀਆਂ ਦਾ ਸਤੰਬਰ ਪ੍ਰੀਖਿਆਵਾਂ ਦਾ ਵਿਸ਼ਾਵਾਰ ਮੁਲਾਂਕਣ ਕਰਕੇ ਵਿਦਿਆਰਥੀਆਂ ਦੀ ਕਾਰਗੁਜ਼ਾਰੀ ਸਬੰਧੀ ਮਾਪਿਆਂ ਨੂੰ ਜਾਣੂੰ ਕਰਵਾਉਣ ਦੇ ਉਦੇਸ਼ ਨਾਲ ਮਿਤੀ 29.09.2021 ਅਤੇ 30.09.2021 ਨੂੰ ਮਾਪੇ-ਅਧਿਆਪਕ ਮਿਲਣੀ ਕਰਵਾਈ ਜਾ ਰਹੀ ਹੈ।

3.0 ਮਾਪੇ-ਅਧਿਆਪਕ ਮਿਲਣੀ ਨੂੰ ਸਫ਼ਲ ਬਣਾਉਣ ਲਈ ਹੇਠ ਲਿਖੀਆਂ ਗੱਲਾਂ ਨੂੰ ਧਿਆਨ ਵਿੱਚ ਰੱਖਿਆ ਜਾਵੇ:-

- ਇਸ ਮਿਲਣੀ ਨੂੰ ਸਫ਼ਲ ਬਣਾਉਣ ਲਈ ਸਮੂਹ ਅਧਿਕਾਰੀ, ਸਕੂਲ ਮੁਖੀ, ਅਧਿਆਪਕ ਅਤੇ 'ਪੜ੍ਹੋ ਪੰਜਾਬ, ਪੜ੍ਹਾਓ ਪੰਜਾਬ' ਟੀਮ ਮੈਂਬਰ ਅਨਾਊਂਸਮੈਂਟ ਕਰਵਾਕੇ,ਪੋਸਟਰ ਜਾਰੀ ਕਰਕੇ ,ਸੋਸ਼ਲ ਮੀਡੀਆ ਤੇ ਆਡੀਓਲਿਖਤ ਮੈਸੇਜ ਕਰਕੇ ਸਾਰੇ ਮਾਪਿਆਂ ਅਤੇ ਕਮਿਊਨਟੀ ਮੈਂਬਰਾਂ ਨੂੰ ਅਗੇਤ ਵਿੱਚ ਜਾਣੂ / ਕਰਵਾਉਣਗੇ।
- ਸਤੰਬਰ ਪ੍ਰੀਖਿਆਵਾਂ ਵਿੱਚ ਵਿਦਿਆਰਥੀਆਂ ਦੀ ਕਾਰਗੁਜਾਰੀ ਨੂੰ ਮਾਪਿਆਂ ਨਾਲ ਸਾਂਝਾ ਕੀਤਾ ਜਾਵੇ।
- ਮਿਲਣੀ ਤੋਂ ਪਹਿਲਾਂ ਸਕੂਲ ਮੁਖੀਆਂ ਵੱਲੋਂ ਸਟਾਫ਼ ਨਾਲ ਮੀਟਿੰਗ ਕੀਤੀ ਜਾਵੇ ਅਤੇ ਮਿਲਣੀ ਸਬੰਧੀ ਅਹਿਮ ਮੁੱਦਿਆ 'ਤੇ ਗੱਲ-ਬਾਤ ਕੀਤੀ ਜਾਵੇ।
- ਮਾਪੇ ਅਧਿਆਪਕ ਮਿਲਣੀ ਵਿੱਚ ਇਹ ਵਿਸ਼ੇਸ਼ ਤੌਰ ਤੇ ਧਿਆਨ ਰੱਖਿਆ ਜਾਵੇ ਕਿ ਮਾਪੇ ਅਤੇ ਹੋਰ ਕਮਿਊਨਿਟੀ ਮੈਂਬਰਾਂ ਨੂੰ ਪੂਰਾ ਆਦਰ ਦਿੱਤਾ ਜਾਵੇਉਹਨਾਂ ਦੇ ਬੈਠਣ ਦਾ ਸਹੀ ਇੰਤਜਾਮ ਹੋਵੇ ਅਤੇ , ਉਹਨਾਂ ਨੂੰ ਮਿਲਣੀ ਲਈ ਜਿਆਦਾ ਉਡੀਕ ਨਾ ਕਰਨੀ ਪਵੇ।

- ਅਧਿਆਪਕ ਮਾਪੇ ਮਿਲਣੀ ਦੀ ਵੀਡੀਓਜ਼/ਫੋਟੋਆਂ ਸੋਸ਼ਲ ਮੀਡਿਆ ਰਾਹੀਂ ਆਮ ਲੋਕਾਂ ਨਾਲ ਸਾਂਝੀਆਂ ਕੀਤੀਆਂ ਜਾਣ।
- ਸਕੂਲ ਮੁਖੀ ਇਸ ਮਾਪੇ ਅਧਿਆਪਕ ਮਿਲਣੀ ਵਿੱਚ ਆਪ ਵੀ ਭਾਗ ਲੈਂਦੇ ਹੋਏ ਅਧਿਆਪਕਾਂ ਦਾ ਸਹਿਯੋਗ ਕਰਨਗੇ ਅਤੇ ਇਹਨਾਂ ਮਿਲਣੀਆਂ ਸਬੰਧੀ ਇਕੱਤਰ ਡਾਟੇ ਨੂੰ ਗੂਗਲ ਫਾਰਮ ਰਾਹੀਂ ਨਿਰਧਾਰਿਤ ਪ੍ਰੋਫਾਰਮੇ ਵਿੱਚ ਭਰਨ ਦਾ ਕੰਮ ਕਰਨਗੇ।
- ਇਸ ਤੋਂ ਇਲਾਵਾ ਸਮੂਹ ਅਧਿਕਾਰੀ, ਸਕੂਲ ਮੁਖੀ, ਪੜ੍ਹੋ ਪੰਜਾਬ ਟੀਮ ਮੈਂਬਰ ਇਸ ਮਾਪੇ-ਅਧਿਆਪਕ ਮਿਲਣੀ ਵਿੱਚ ਰੈਂਡਮ ਪੱਧਰ 'ਤੇ ਭਾਗ ਲੈਂਦੇ ਹੋਏ ਇਹਨਾਂ ਮਿਲਣੀਆਂ ਨੂੰ ਏਜੰਡੇ ਅਨੁਸਾਰ ਸਾਰੇ ਸਰਕਾਰੀ ਸਕੂਲਾਂ ਦੇ ਅਧਿਆਪਕਾਂ ਦੁਆਰਾ ਕੀਤੇ ਜਾਣਾ ਯਕੀਨੀ ਬਣਾਉਣਗੇ।

**4.0** ਸਰਕਾਰ ਵੱਲੋਂ ਜਾਰੀ ਕੋਵਿਡ-19 ਦੀਆਂ ਹਦਾਇਤਾਂ ਦੀ ਪਾਲਣਾ ਕਰਦੇ ਹੋਏ, ਇਹ ਮਾਪੇ-ਅਧਿਆਪਕ ਮਿਲਣੀ ਕਰਵਾਈ ਜਾ ਰਹੀ ਹੈ। ਮਾਪੇ-ਅਧਿਆਪਕ ਮਿਲਣੀ ਨੂੰ ਸਕਾਰਾਤਮਕ ਅਤੇ ਪ੍ਰਭਾਵਸ਼ਾਲੀ ਬਣਾਉਣ ਲਈ ਇਹ ਮਿਲਣੀ ਹੇਠ ਲਿਖੇ ਏਜੰਡੇ ਤਹਿਤ ਕਰਵਾਈ ਜਾਵੇ:-

- ਵਿਦਿਆਰਥੀ ਦੇ ਚੰਗੇ ਪੱਖਾਂ ਜਿਵੇਂ NAS ਵਿੱਚ ਕਾਰਗੁਜਾਰੀ, ਹਾਜਰੀ, ਹੋਮਵਰਕ, ਸੁਦੰਰ ਲਿਖਾਈ ਆਦਿ ਸੰਬੰਧੀ ਮਾਪਿਆਂ ਕੋਲ ਪ੍ਰਸੰਸ਼ਾ ਕਰਨੀ।
- ਮਾਪਿਆਂ ਨੂੰ ਇਸ ਗੱਲ ਵੀ ਪ੍ਰੇਰਿਤ ਕੀਤਾ ਜਾਵੇ ਕਿ ਉਹ ਹਰ ਰੋਜ਼ ਆਪਣੇ ਬੱਚਿਆਂ ਨਾਲ ਸਕੂਲ ਵਿੱਚ ਕਰਵਾਈ ਜਾ ਰਹੀ ਪੜ੍ਹਾਈ ਬਾਰੇ ਗੱਲ-ਬਾਤ ਕਰਨ।
- PTM ਦੌਰਾਨ ਸਕੂਲ ਵਿੱਚ ਇੱਕ 'ਸੁਝਾਅ ਬਾਕਸ' ਵੀ ਰੱਖਿਆ ਜਾਵੇ ਤਾਂ ਜੋ ਮਾਪਿਆਂ ਅਤੇ ਬੱਚਿਆਂ ਦੇ ਸੁਝਾਂਵਾਂ ਦਾ ਫਾਇਦਾ ਉਠਾਇਆ ਜਾ ਸਕੇ।

**ਜਰਨੈਲ ਸਿੰਘ,ਡਾਇਰੈਕਟਰ**

**ਰਾਜ ਸਿੱਖਿਆ ਖੋਜ਼ ਅਤੇ ਸਿਖਲਾਈ ਪ੍ਰੀਸ਼ਦ, ਪੰਜਾਬ।**

**ਪਿੱਠ ਅੰਕਣ ਨੰ:** **ਮਿਤੀ:**

**ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:**

1. ਪੀ.ਏ. ਟੂ ਮਾਨਯੋਗ ਸਕੱਤਰ ਸਕੂਲ ਸਿੱਖਿਆ, ਪੰਜਾਬ।
2. ਪੀ.ਏ. ਟੂ ਮਾਨਯੋਗ ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ।
3. ਡੀ.ਪੀ.ਆਈ. (ਸੈ.ਸਿੱ), ਪੰਜਾਬ।

**ਜਰਨੈਲ ਸਿੰਘ,ਡਾਇਰੈਕਟਰ**

**ਰਾਜ ਸਿੱਖਿਆ ਖੋਜ਼ ਅਤੇ ਸਿਖਲਾਈ ਪ੍ਰੀਸ਼ਦ, ਪੰਜਾਬ।**